Vigilance Bureau Punjab

# VIGILANCE BUREAU ARRESTS EX-SERVICEMAN FOR TAKING RS 4,25,000 FOR FAKE RECRUITMENT

Chandigarh, June 13, 2024 - The Punjab Vigilance Bureau (VB), during its ongoing campaign against corruption in the state, has arrested an ex-serviceman, Jasbir Singh, of village New Satiyawala in Ferozepur district, for duping two girls by posing as an inspector in the Bureau who had accepted Rs 4,25,000 to get them jobs in the Punjab police.

Disclosing this here today, an official spokesperson of the state VB said that this case has been registered against the aforementioned private individual based on an online complaint lodged by Jarnail Singh of village Gundar Panjgarain, tehsil Guru Harsahai in Ferozepur, on the Chief Minister's Anti-Corruption Action Line portal.

He further added that the complainant stated in his complaint that he is a farmer with five daughters and a son. His two daughters had applied for jobs in the Punjab police in 2021. The above-mentioned accused, impersonating an Inspector of the VB, had taken Rs 4,25,000 in installments to get both of them recruited into the police. The complainant further alleged that the accused failed to secure the jobs for his daughters and did not returned the bribe money to him.

The spokesperson informed that the complainant recorded a conversation with the said conman while he was impersonating an inspector and demanding Rs 25,000 from the complainant as part of the bribe, which was handed over to the VB as an evidence.

During the investigation of this complaint, it was proved that the said ex-serviceman had taken bribe of Rs 25,000 from the complainant for the aforementioned motive. Subsequently, a case under the Prevention of Corruption Act has been registered against the accused at the VB police station, Ferozepur range. The accused has been arrested and would be produced in the competent court tomorrow. Further investigation into this case was under progress.

---------

ਵਿਜੀਲੈਂਸ ਬਿਊਰੋ ਪੰਜਾਬ

21,000 ਰੁਪਏ ਰਿਸ਼ਵਤ ਲੈਂਦਾ ਏ.ਐਸ.ਆਈ. ਵਿਜੀਲੈਂਸ ਬਿਊਰੋ ਵੱਲੋਂ ਗ੍ਰਿਫ਼ਤਾਰ

ਚੰਡੀਗੜ੍ਹ, 13 ਜੂਨ, 2024:

ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਵਿੱਢੀ ਮੁਹਿੰਮ ਦੌਰਾਨ ਪੰਜਾਬ ਵਿਜੀਲੈਂਸ ਬਿਊਰੋ ਨੇ ਅੱਜ ਥਾਣਾ ਸਿਟੀ-1, ਸੰਗਰੂਰ ਵਿਖੇ ਤਾਇਨਾਤ ਸਹਾਇਕ ਸਬ ਇੰਸਪੈਕਟਰ ਭੋਲਾ ਸਿੰਘ (ਨੰਬਰ 27/ਸੰਗਰੂਰ) ਨੂੰ 21,000 ਰੁਪਏ ਰਿਸ਼ਵਤ ਲੈਂਦਿਆਂ ਕਾਬੂ ਕੀਤਾ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਸਟੇਟ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਉਕਤ ਮੁਲਜ਼ਮ ਨੂੰ ਜਗਦੀਪ ਸਿੰਘ ਵੱਲੋਂ ਦਰਜ ਕਰਵਾਈ ਸ਼ਿਕਾਇਤ ਦੇ ਅਧਾਰ ’ਤੇ ਗ੍ਰਿਫ਼ਤਾਰ ਕੀਤਾ ਗਿਆ ਹੈ।

ਉਨ੍ਹਾਂ ਅੱਗੇ ਦੱਸਿਆ ਕਿ ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਕੋਲ ਪਹੁੰਚ ਕਰਕੇ ਦੱਸਿਆ ਕਿ ਉਸਨੇ ਆਪਣੇ ਦੋਸਤ ਤੋਂ ਜਗਰਾਜ ਸਿੰਘ ਨੂੰ ਟਰੱਕ ਖਰੀਦਣ ਬਦਲੇ 5,50,000 ਰੁਪਏ ਵਿਆਜ ’ਤੇ ਦਿੱਤੇ ਸਨ ਇਸ ਉਪਰੰਤ ਜਦੋਂ ਸ਼ਿਕਾਇਤਕਰਤਾ ਨੇ ਜਗਰਾਜ ਸਿੰਘ ਨੂੰ ਉਸ ਦੇ ਲੋਨ ਦੇ ਪੈਸੇ ਵਾਪਸ ਕਰਨ ਲਈ ਕਿਹਾ ਤਾਂ ਉਸ ਨੂੰ ਪਤਾ ਲੱਗਾ ਕਿ ਉਕਤ ਟਰੱਕ ਪਹਿਲਾਂ ਹੀ ਜਗਰਾਜ ਸਿੰਘ ਨੇ ਬਲਜੀਤ ਸਿੰਘ ਵਾਸੀ ਪਿੰਡ ਅੰਧੇੜੀ, ਸੰਗਰੂਰ ਦੇ ਨਾਂ ’ਤੇ ਟਰਾਂਸਫਰ ਕਰ ਦਿੱਤਾ ਹੈ। ਇਸ ਉਪਰੰਤ ਟਰੱਕ ਦੇ ਨਵੇਂ ਮਾਲਕ ਨੇ ਉਕਤ ਥਾਣੇ ’ਚ ਸ਼ਿਕਾਇਤ ਕਰ ਦਿੱਤੀ ਅਤੇ ਏ.ਐਸ.ਆਈ. ਭੋਲਾ ਸਿੰਘ ਨੇ ਮਾਮਲੇ ਦੀ ਜਾਂਚ ਕਰਨ ਬਦਲੇ 50,000 ਰੁਪਏ ਰਿਸ਼ਵਤ ਦੀ ਮੰਗ ਕੀਤੀ। ਸ਼ਿਕਾਇਤਕਰਤਾ ਨੇ ਅੱਗੇ ਦੱਸਿਆ ਕਿ ਉਕਤ ਪੁਲਿਸ ਮੁਲਾਜ਼ਮ 40,000 ਰੁਪਏ ਰਿਸ਼ਵਤ ਲੈਣ ਲਈ ਰਾਜ਼ੀ ਹੋ ਗਿਆ ਅਤੇ ਉਸ ਨੇ 19,000 ਰੁਪਏ ਐਡਵਾਂਸ ਲੈ ਲਏ ਸਨ ਅਤੇ ਹੁਣ ਰਿਸ਼ਵਤ ਦੇ ਬਕਾਇਆ 21000 ਰੁਪਏ ਦੀ ਮੰਗ ਕਰ ਰਿਹਾ ਸੀ।

ਬੁਲਾਰੇ ਨੇ ਅੱਗੇ ਦੱਸਿਆ ਕਿ ਇਸ ਸ਼ਿਕਾਇਤ ਦੀ ਮੁੱਢਲੀ ਪੜਤਾਲ ਉਪਰੰਤ ਵਿਜੀਲੈਂਸ ਬਿਊਰੋ ਦੀ ਟੀਮ ਨੇ ਜਾਲ ਵਿਛਾਇਆ ਅਤੇ ਏ.ਐਸ.ਆਈ. ਭੋਲਾ ਸਿੰਘ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿੱਚ ਸ਼ਿਕਾਇਤਕਰਤਾ ਤੋਂ 21,000 ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕਰ ਲਿਆ।

ਇਸ ਸਬੰਧੀ ਵਿਜੀਲੈਂਸ ਬਿਊਰੋ ਦੇ ਥਾਣਾ ਪਟਿਆਲਾ ਰੇਂਜ ਵਿਖੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਮੁਕੱਦਮਾ ਦਰਜ ਕੀਤਾ ਗਿਆ ਹੈ।

ਉਨ੍ਹਾਂ ਕਿਹਾ ਕਿ ਮੁਲਜ਼ਮ ਨੂੰ ਭਲਕੇ ਅਦਾਲਤ ਵਿੱਚ ਪੇਸ਼ ਕੀਤਾ ਜਾਵੇਗਾ ਅਤੇ ਇਸ ਮਾਮਲੇ ਦੀ ਅਗਲੇਰੀ ਕਾਰਵਾਈ ਜਾਰੀ ਹੈ।

--------